ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਜ਼ਿਲਾ ਸੁਧਾਰ ਘਰ(ਜੇਲ)ਸ੍ਰੀ ਮੁਕਤਸਰ ਸਾਹਿਬ ਵਿਖੇ ਕੀਤੀ ਗਈ ਅਚਨਚੇਤ ਚੈਕਿੰਗ।




ਸ੍ਰੀ ਮੁਕਤਸਰ ਸਾਹਿਬ (          ) ਮਾਨਯੋਗ ਗੋਰਵ ਯਾਦਵ ਆਈ.ਪੀ.ਐਸ ਡੀ.ਜੀ.ਪੀ ਪੰਜਾਬ ਅਤੇ ਸ.ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ.ਪੀ ਫਰੀਦਕੋਟ ਰੇਂਜ ਫਰੀਦਕੋਟ ਦੀਆਂ ਹਦਾਇਤਾਂ ਤਹਿਤ ਸ੍ਰੀ. ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋ ਅਮਨ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਜਿਲ੍ਹਾ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ । ਜਿਸ ਤਹਿਤ ਪੁਲਿਸ ਦੀਆਂ ਅਲੱਗ ਅਲੱਗ ਟੀਮਾਂ ਵੱਲੋ ਸਰਚ ਅਭਿਆਨ ਚਲਾਇਆ ਜਾ ਰਿਹਾ ਹੈ ਅਤੇ ਗਸ਼ਤ ਵਾ ਚੈਕਿੰਗ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਅੱਜ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਜ਼ਿਲਾ ਸੁਧਾਰ ਘਰ (ਜੇਲ) ਸ੍ਰੀ ਮੁਕਤਸਰ ਸਾਹਿਬ ਵਿਖੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਨ ਸ. ਮਨਮੀਤ ਸਿੰਘ ਢਿੱਲੋਂ ਐਸ.ਪੀ. (ਡੀ), ਸ. ਸਤਨਾਮ ਸਿੰਘ ਡੀ.ਐਸ.ਪੀ (ਸ੍ਰੀ ਮੁਕਤਸਰ ਸਾਹਿਬ),ਸ. ਜਸਪਾਲ ਸਿੰਘ ਡੀ.ਐਸ.ਪੀ (ਡੀ), ਸ੍ਰੀ ਈਸ਼ਾਨ ਸਿੰਗਲਾ ਡੀ.ਐਸ.ਪੀ(ਐਨ.ਡੀ.ਪੀ.ਐਸ), ਮੁੱਖ ਅਫਸਰਾਨ ਥਾਣਾ ਤੋਂ ਇਲਾਵਾ 150 ਦੇ ਕਰੀਬ ਪੁਲਿਸ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਸ੍ਰੀ ਵਰੂਣ ਕੁਮਾਰ ਸੁਪਰਡੈਂਟ ਜੇਲ ਨਾਲ ਮਿਲ ਕੇ ਅਚਣਚੇਤ ਜੇਲ ਅੰਦਰ ਚੈਕਿੰਗ ਕੀਤੀ ਗਈ । ਇਹ ਚੈਕਿੰਗ ਕ੍ਰੀਬ 02 ਘੰਟੇ ਤੱਕ ਚਲਾਈ ਗਈ।